# Punjab Government Gazette

*Published by Authority*

No. 7] CHANDIGARH, FRIDAY, FEBRUARY 13, 2026 (MEGHA 24, 1947 SAKA


# PART I

**Punjab Government Notifications and Orders**

**ਪੰਜਾਬ ਸਰਕਾਰ**

ਪਸ਼ੂ ਪਾਲਣ,ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ

(ਪਸ਼ੂ ਪਾਲਣ-1 ਸ਼ਾਖਾ)

**ਨੋਟੀਫਿਕੇਸ਼ਨ**

ਮਿਤੀ 16 ਜਨਵਰੀ, 2023

ਨੰ: 05/05/2019-ਪ.ਪ.1(9/5)/256.- ਡਾ. ਜਸਪ੍ਰੀਤ ਕੌਰ, ਵੈਟਰਨਰੀ ਅਫਸਰ, ਸਿਵਲ ਪਸ਼ੂ ਹਸਪਤਾਲ, ਮਨੌਲੀ, ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ (ਹੁਣ ਗੈਰ- ਹਾਜ਼ਰ) ਨੂੰ ਮਿਤੀ 01.07.2020 ਤੋਂ ਬਿਨਾਂ ਛੁੱਟੀ ਮੰਨਜੂਰ ਕਰਵਾਏ ਆਪਣੀ ਡਿਊਟੀ ਤੋਂ ਗੈਰ-ਹਾਜਰ ਰਹਿਣ ਦੇ ਦੋਸ਼ਾਂ ਕਾਰਣ ਯਾਦ ਪੱਤਰ ਨੰ: 05/05/2019-ਪ.ਪ.1(9)/5288, ਮਿਤੀ 18.08.2021 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਵੱਡੀਆਂ ਸਜ਼ਾਵਾਂ ਦੇਣ ਲਈ ਦੋਸ਼ ਸੂਚੀ ਜਾਰੀ ਕਰਕੇ ਉਤਰ 21 ਦਿਨਾਂ ਦੇ ਅੰਦਰ-ਅੰਦਰ ਸਮਰੱਥ ਅਧਿਕਾਰੀ ਨੂੰ ਲਿਖਤੀ ਰੂਪ ਵਿੱਚ ਭੇਜਣ ਲਈ ਲਿਖਿਆ ਗਿਆ ਸੀ। ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਪੰਜਾਬ ਵਲੋਂ ਨੰ: 302, ਮਿਤੀ 23.02.2022 ਰਾਹੀਂ ਪ੍ਰਾਪਤ ਹੋਏ ਡਿਪਟੀ ਡਾਇਰੈਕਟਰ, ਸਾਹਿਬਜਾਦਾ ਅਜੀਤ ਸਿੰਘ ਨਗਰ ਦੇ ਪੱਤਰ ਨੰ:31, ਮਿਤੀ 27.01.2022 ਅਨੁਸਾਰ ਚਾਰਜਸੀਟ ਦੀ ਕਾਪੀ ਅਧਿਕਾਰਨ ਦੀ ਮਾਤਾ ਜੀ ਵੱਲੋਂ ਮਿਤੀ 21.01.2022 ਨੂੰ ਰਸੀਵ ਕੀਤੀ ਗਈ ਸੀ। ਪ੍ਰੰਤੂ ਇਸ ਅਧਿਕਾਰਨ ਵਲੋਂ ਚਾਰਜਸੀਟ ਦੇ ਸਬੰਧ ਵਿੱਚ ਕੋਈ ਜਵਾਬ ਨਹੀਂ ਦਿੱਤਾ ਗਿਆ ਸੀ।

2. ਇਸ ਉਪਰੰਤ ਮਾਮਲੇ ਦੀ ਸਚਾਈ ਜਾਣਨ ਲਈ ਪਿ.ਅੰ.ਨੰ: 05/05/2019-ਪ.ਪ.1(9)/869, ਮਿਤੀ 04.03.2022 ਰਾਹੀ ਸ਼੍ਰੀ ਸੁਰਜੀਤ ਸਿੰਘ ਢਿੱਲੋਂ, ਆਈ.ਏ.ਐਸ (ਰਿਟਾਇਰਡ) ਨੂੰ "ਪੜਤਾਲੀਆ ਅਫਸਰ" ਨਿਯੁਕਤ ਕੀਤਾ ਗਿਆ ਸੀ। ਅਧਿਕਾਰਨ ਨੂੰ ਪੜਤਾਲ ਵਿੱਚ ਸ਼ਾਮਲ ਹੋ ਕੇ ਆਪਣਾ ਪੱਖ ਰੱਖਣ ਲਈ ਪੜਤਾਲੀਆ ਅਫਸਰ/ਪੈਰਵੀ ਕਰਤਾ ਅਫਸਰ ਵਲੋਂ ਪੱਤਰ ਨੰ: 2022/ਪੀ.ਓ./2566, ਮਿਤੀ 11.03.2020 ਰਾਹੀ ਰਜਿਸਟਰਡ ਡਾਕ ਰਾਹੀਂ ਅਧਿਕਾਰਨ ਦੇ ਘਰੇਲੂ ਪਤੇ ਤੇ ਭੇਜਿਆ ਗਿਆ ਨੋਟਿਸ ਡਾਕ ਵਿਭਾਗ ਵੱਲੋਂ " No Such Person in the Address" ਦੇ ਕਥਨਾ ਨਾਲ ਵਾਪਿਸ ਪ੍ਰਾਪਤ ਹੋ ਗਿਆ ਸੀ। ਇਸ ਉਪਰੰਤ ਵੀ ਪੜਤਾਲੀਆ ਅਫਸਰ/ਪੈਰਵੀ ਕਰਤਾ ਅਫਸਰ ਵਲੋ ਅਧਿਕਾਰਨ ਨੂੰ ਪੜਤਾਲ ਵਿੱਚ ਹਾਜਰ ਹੋਣ ਲਈ ਨੋਟਿਸ ਭੇਜਣ ਅਤੇ ਅਧਿਕਾਰਨ ਦੇ ਪਿਤਾ ਵਲੋ ਰਸੀਵ ਕਰਨ ਦੇ ਬਾਵਜੂਦ ਵੀ ਅਧਿਕਾਰਨ ਪੜਤਾਲ ਵਿੱਚ ਹਾਜ਼ਰ ਨਹੀਂ ਹੋਈ ਸੀ। ਪੜਤਾਲੀਆ ਅਫਸਰ ਵਲੋਂ ਪੇਸ਼ ਕੀਤੀ ਪੜਤਾਲ ਰਿਪੋਰਟ ਮਿਤੀ 31.05.2022 ਵਿੱਚ ਅਧਿਕਾਰਨ ਵਿਰੁੱਧ ਦੋਸ਼ ਸੂਚੀ ਵਿੱਚ ਲਗਾਏ ਦੋਸ਼ ਸਿੱਧ ਕੀਤੇ ਗਏ ਸਨ।

3. ਇਸ ਵਿਭਾਗ ਵਲੋ ਰਜਿਸਟਰਡ ਮੀਮੋ ਨੰ: 05/05/2019-ਪ.ਪ.1(9) /2716, ਮਿਤੀ 23.06.2022 ਰਾਹੀ ਪੜਤਾਲ ਰਿਪੋਰਟ ਮਿਤੀ 31.05.2022 ਦੀ ਕਾਪੀ ਅਧਿਕਾਰਨ ਦੇ ਘਰੇਲੂ ਪਤੇ ਤੇ ਭੇਜ ਕੇ ਆਪਣਾ ਪੱਖ ਪੇਸ਼ ਕਰਨ ਲਈ ਲਿਖਿਆ ਗਿਆ ਸੀ। ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਪੰਜਾਬ ਵਲੋਂ ਪੱਤਰ ਨੰ: 2046, ਮਿਤੀ 02.08.2022 ਰਾਹੀ ਡਿਪਟੀ ਡਾਇਰੈਕਟਰ, ਪਸ਼ੂ ਪਾਲਣ, ਸਾਹਿਬਜਾਦਾ ਅਜੀਤ ਸਿੰਘ ਨਗਰ ਦੇ ਪੱਤਰ ਨੰ: 300, ਮਿਤੀ 14.07.2022 ਦੀ ਕਾਪੀ ਭੇਜਦੇ ਹੋਏ ਸੂਚਿਤ ਕੀਤਾ ਸੀ ਕਿ ਅਧਿਕਾਰਨ ਦੇ ਘਰ ਨੂੰ ਤਾਲਾ ਲੱਗਾ ਹੋਣ ਕਾਰਨ ਦਸਤਾਵੇਜ਼ ਉਸ ਦੇ ਘਰ ਦੇ ਦਰਵਾਜੇ ਤੇ ਪੇਸਟ ਕਰ ਦਿੱਤੇ ਸਨ। ਇਸ ਅਧਿਕਾਰਨ ਵਲੋ ਪੜਤਾਲ ਰਿਪੋਰਟ ਦੇ ਸਬੰਧ ਵਿੱਚ ਵੀ ਕੋਈ ਜਵਾਬ ਨਹੀਂ ਭੇਜਿਆ ਸੀ।

4. ਇਸ ਤਰਾਂ ਅਧਿਕਾਰੀ ਵੱਲੋਂ ਸਰਕਾਰ ਦੇ ਕਿਸੇ ਵੀ ਪੱਤਰ ਦਾ ਜਵਾਬ ਨਹੀ ਦਿੱਤਾ ਗਿਆ ਸੀ, ਜਿਸ ਤੋ ਸਪੱਸ਼ਟ ਹੁੰਦਾ ਹੈ ਕਿ ਉਹ ਸਰਕਾਰ ਦੇ ਕਿਸੇ ਵੀ ਪੱਤਰ ਦਾ ਉੱਤਰ ਨਹੀ ਦੇਣਾ ਚਾਹੁੰਦੀ ਅਤੇ ਨਾ ਹੀ ਅੱਗੇ ਸਰਕਾਰੀ ਸੇਵਾ ਕਰਨਾ ਚਾਹੁੰਦੀ ਹੈ। ਇਸ ਲਈ ਸਮੱਰਥ ਅਥਾਰਿਟੀ ਵੱਲੋ ਡਾ. ਜਸਪ੍ਰੀਤ ਕੌਰ, ਵੈਟਰਨਰੀ ਅਫਸਰ,ਸਿਵਲ ਪਸ਼ੂ ਹਸਪਤਾਲ,ਮਨੌਲੀ, ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ (ਹੁਣ ਗੈਰ-ਹਾਜ਼ਰ) ਨੂੰ ਉਸ ਦੀ ਗੈਰ-ਹਾਜਰੀ ਦੀ ਮਿਤੀ 01.07.2020 ਤੋ ਸਰਕਾਰੀ ਸੇਵਾ ਤੋ ਡਿਸਮਿਸ ਕਰਨ ਸਬੰਧੀ ਸਿਧਾਂਤਕ ਤੋਰ ਤੇ ਫੈਸਲਾ ਲਿਆ ਗਿਆ ਸੀ।

5. ਅਧਿਕਾਰਨ ਨੂੰ ਸਰਕਾਰੀ ਸੇਵਾ ਤੋਂ ਡਿਸਮਿਸ ਕਰਨ ਸਬੰਧੀ ਲਏ ਗਏ ਫੈਸਲੇ ਦੀ ਸਹਿਮਤੀ ਪ੍ਰਾਪਤ ਕਰਨ ਬਾਰੇ ਸਰਕਾਰ ਵਲੋਂ ਮੀਮੋ ਨੰ: 05/05/2019.ਪ.ਪ.1(9/5)/5179, ਮਿਤੀ 10.10.2022 ਰਾਹੀ ਮਾਮਲਾ ਪੰਜਾਬ ਲੋਕ ਸੇਵਾ ਕਮਿਸ਼ਨ, ਪਟਿਆਲਾ ਨਾਲ ਟੇਕਅੱਪ ਕੀਤਾ ਗਿਆ ਸੀ। ਸਕੱਤਰ, ਪੰਜਾਬ ਲੋਕ ਸੇਵਾ ਕਮਿਸ਼ਨ, ਪਟਿਆਲਾ ਵਲੋਂ ਪੱਤਰ ਨੰ: ਡਿਸ 203/2022/ਅ-7/5776, ਮਿਤੀ 19.12.2022 ਰਾਹੀ ਡਾ. ਜਸਪ੍ਰੀਤ ਕੌਰ, ਵੈਟਰਨਰੀ ਅਫਸਰ, ਸਿਵਲ ਪਸ਼ੂ ਹਸਪਤਾਲ, ਮਨੌਲੀ, ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ (ਹੁਣ ਗੈਰ-ਹਾਜ਼ਰ) ਨੂੰ ਸਰਕਾਰੀ ਸੇਵਾ ਤੋ ਡਿਸਮਿਸ ਕਰਨ ਸਬੰਧੀ ਸਹਿਮਤੀ ਦਿੱਤੀ ਗਈ ਹੈ।

6. ਇਸ ਪ੍ਰਕਾਰ ਕੇਸ ਦੇ ਸਮੁੱਚੇ ਹਾਲਾਤਾਂ ਨੂੰ ਵਿਚਾਰਦੇ ਹੋਏ ਅਤੇ ਪੜਤਾਲੀਆ ਅਫਸਰ ਦੀ ਰਿਪੋਰਟ ਮਿਤੀ 31.05.2022 ਨਾਲ ਸਹਿਮਤੀ ਪ੍ਰਗਟ ਕਰਦੇ ਹੋਏ, ਪੰਜਾਬ ਲੋਕ ਸੇਵਾ ਕਮਿਸ਼ਨ, ਪਟਿਆਲਾ ਦੀ ਸਲਾਹ ਅਨੁਸਾਰ ਪੰਜਾਬ ਦੇ ਰਾਜਪਾਲ ਜੀ ਪ੍ਰਸੰਨਤਾ-ਪੂਰਵਕ ਡਾ.ਜਸਪ੍ਰੀਤ ਕੌਰ, ਵੈਟਰਨਰੀ ਅਫਸਰ,ਸਿਵਲ ਪਸ਼ੂ ਹਸਪਤਾਲ, ਮਨੌਲੀ, ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ (ਹੁਣ ਗੈਰ-ਹਾਜ਼ਰ) ਨੂੰ ਉਸ ਦੀ ਗੈਰ-ਹਾਜ਼ਰੀ ਦੀ ਮਿਤੀ 01.07.2020 ਤੋਂ ਸਰਕਾਰੀ ਸੇਵਾ ਤੋਂ ਡਿਸਮਿਸ ਕੀਤਾ ਜਾਂਦਾ ਹੈ।

ਵਿਕਾਸ ਪ੍ਰਤਾਪ

ਚੰਡੀਗੜ੍ਹ — ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ

ਮਿਤੀ 12 ਜਨਵਰੀ,2023 — ਪਸ਼ੂ ਪਾਲਣ ,ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ

*3635/2-2026/Pb. Govt. Press, S.A.S. Nagar*